ਆਕਾਸ਼ਵਾਣੀ ਜਲੰਧਰ

ਪ੍ਰਦੇਸ਼ਿਕ ਖਬਰਾਂ ਪੰਜਾਬੀ

13:10

ਮਿਤੀ :02-03-2026

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਅਤੇ ਕੈਨੇਡਾ ਦੇ ਪ੍ਰਧਾਨ ਮੰਤਰੀ ਮਾਰਕ ਕਾਰਨੀ ਦਰਮਿਆਨ ਵਫ਼ਦ ਪੱਧਰ ਦੀ ਗੱਲਬਾਤ ਨਵੀਂ ਦਿੱਲੀ ਦੇ ਹੈਦਰਾਬਾਦ ਹਾਊਸ ਵਿੱਚ ਜਾਰੀ ਏ। ਗੱਲਬਾਤ ਦੌਰਾਨ ਵਪਾਰ, ਪੂੰਜੀਕਾਰੀ, ਊਰਜਾ, ਖੇਤੀਬਾੜੀ, ਸਿੱਖਿਆ, ਖੋਜ ਤੇ ਨਵੀਨਤਾ ਸਮੇਤ ਹੋਰਨਾਂ ਖੇਤਰਾਂ ਵਿੱਚ ਚੱਲ ਰਹੇ ਸਹਿਯੋਗ 'ਤੇ ਚਰਚਾ ਹੋਣ ਦੀ ਸੰਭਾਵਨਾ ਏ। ਇਸ ਤੋਂ ਇਲਾਵਾ ਦੋਵੇਂ ਸਿਆਸਤਦਾਨ, ਇਲਾਕਾਈ ਮੁੱਦਿਆਂ ਤੋਂ ਇਲਾਵਾ ਕੁੱਲ ਦੁਨੀਆ ਵਿਚ ਵਾਪਰ ਰਹੀਆਂ ਘਟਨਾਵਾਂ ਬਾਰੇ ਵਿਚਾਰ-ਵਟਾਂਦਰਾ ਕਰਨਗੇ।

ਏਅਰ ਇੰਡੀਆ ਨੇ ਪੱਛਮੀ ਏਸ਼ੀਆ ਵਿੱਚ ਮੌਜੂਦਾ ਸਥਿਤੀ ਦੇ ਮੱਜੇਨਜ਼ਰ ਯਾਤਰਾ ਸਬੰਧੀ ਸਲਾਹ ਜਾਰੀ ਕੀਤੀ ਏ। ਏਅਰਲਾਈਨ ਨੇ ਸੰਯੁਕਤ ਅਰਬ ਅਮੀਰਾਤ, ਸਾਊਦੀ ਅਰਬ, ਇਜ਼ਰਾਈਲ ਅਤੇ ਕਤਰ ਲਈ ਅਤੇ

ਇਨ੍ਹਾਂ ਦੇਸ਼ਾਂ ਤੋਂ ਆਉਣ ਵਾਲੀਆਂ ਸਾਰੀਆਂ ਉਡਾਣਾਂ ਉੱਤੇ ਰੋਕ ਨੂੰ ਅੱਜ ਪੂਰੇ ਦਿਨ ਲਈ ਵਧਾ ਦਿੱਤਾ ਏ। ਇਸ ਤੋਂ ਇਲਾਵਾ, ਅੱਜ ਯੂਰਪ ਵੱਲ ਜਾਣ ਵਾਲੀਆਂ ਕੁਝ ਚੋਣਵੀਆਂ ਉਡਾਣਾਂ ਨੂੰ ਵੀ ਰੱਦ ਕੀਤਾ ਗਿਆ ਏ। ਇਨ੍ਹਾਂ ਵਿੱਚ ਅੰਮ੍ਰਿਤਸਰ ਤੋਂ ਬਰਮਿੰਘਮ, ਦਿੱਲੀ ਤੋਂ ਜ਼ਿਊਰਿਖ, ਦਿੱਲੀ ਤੋਂ ਕੋਪਨਹੇਗਨ ਤੇ ਬਰਮਿੰਘਮ ਤੋਂ ਦਿੱਲੀ ਜਾਣ ਵਾਲੀਆਂ ਉਡਾਣਾਂ ਸ਼ਾਮਲ ਨੇ।

ਪੰਜਾਬ ਦੇ ਐੱਨ.ਆਰ.ਆਈ. ਮਾਮਲਿਆਂ ਬਾਰੇ ਮੰਤਰੀ ਡਾ. ਰਵਜੋਤ ਸਿੰਘ ਨੇ ਇਜ਼ਰਾਈਲ ਤੇ ਈਰਾਨ ਵਿਚਾਲੇ ਲੱਗੀ ਜੰਗ ਕਾਰਨ ਮੱਧ-ਪੂਰਬ ਵਿੱਚ ਫਸੇ ਪੰਜਾਬੀਆਂ ਨੂੰ ਸੁਰੱਖਿਅਤ ਵਾਪਸ ਲਿਆਉਣ ਲਈ ਕੇਂਦਰੀ ਵਿਦੇਸ਼ ਮੰਤਰੀ ਨੂੰ ਪੱਤਰ ਲਿਖਿਆ ਏ। ਇਸ ਪੱਤਰ ਵਿੱਚ, ਉਨ੍ਹਾਂ ਨੇ ਇਸ ਜੰਗ ਦੇ ਮੱਦੇਨਜ਼ਰ ਉੱਥੇ ਫਸੇ ਪੰਜਾਬੀਆਂ ਨੂੰ ਸੁਰੱਖਿਅਤ ਭਾਰਤ ਲਿਆਉਣ ਦਾ ਮਸਲਾ ਚੁੱਕਿਆ। ਸਰਕਾਰੀ ਸੂਤਰਾਂ ਮੁਤਾਬਕ ਕੈਬਨਿਟ ਮੰਤਰੀ ਨੇ ਜੰਗ ਕਾਰਨ ਸੰਯੁਕਤ ਅਰਬ ਅਮੀਰਾਤ ਦੇ ਵੱਖ-ਵੱਖ ਹਵਾਈ ਅੱਡਿਆਂ 'ਤੇ ਫਸੇ ਸੈਲਾਨੀਆਂ ਅਤੇ ਪੰਜਾਬ ਦੇ ਲੋਕਾਂ ਨਾਲ ਟੈਲੀਫੋਨ 'ਤੇ ਗੱਲਬਾਤ ਵੀ ਕੀਤੀ ਏ।

ਸ੍ਰੀ ਅਨੰਦਪੁਰ ਸਾਹਿਬ ਵਿਚ ਸਥਿਤ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਵਿਚ ਹੋਲੋ-ਮਹੱਲੇ ਦਾ ਮੁੱਖ ਪੜਾਅ ਅੱਜ ਆਰੰਭ ਹੋ ਗਿਆ ਏ। ਹੋਲੇ-ਮਹੱਲੇ ਦੇ ਦੂਜੇ ਪੜਾਅ ਸ੍ਰੀ ਅਨੰਦਪੁਰ ਸਾਹਿਬ ਵਿਚ ਭਲਕੇ 3 ਮਾਰਚ ਅਤੇ ਅਗਲੇ ਦਿਨ ਵੀ ਚੱਲਣਗੇ। ਅੱਜ ਹੋਲੇ-ਮਹੱਲੇ ਦੀ ਆਰੰਭਤਾ ਦੀ ਅਰਦਾਸ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕੀਤੀ। 4 ਮਾਰਚ ਨੂੰ ਨਗਰ ਕੀਰਤਨ ਰੂਪੀ ਮਹੱਲਾ, ਦੁਪਹਿਰ ਸਾਢੇ 12 ਵਜੇ ਤੋਂ ਬਾਅਦ ਕੱਢਿਆ ਜਾਵੇਗਾ। ਇਸ ਦੌਰਾਨ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਇਕ ਪ੍ਰੈੱਸ ਕਾਨਫਰੰਸ ਦੌਰਾਨ ਦੱਸਿਆ ਕਿ ਸ੍ਰੀ ਅਨੰਦਪੁਰ ਸਾਹਿਬ ਵਿਚ ਆਉਣ ਵਾਲੀ ਸੰਗਤ ਦੇ ਰਹਿਣ ਲਈ ਟੈਂਟ ਸਿਟੀ ਬਣਾਈ ਗਈ ਏ। ਮੋਬਾਈਲ ਕੰਪਨੀਆਂ ਨੂੰ ਵੀ ਆਪਣੇ ਟਾਵਰ ਲਾਉਣ ਦੀ ਹਦਾਇਤ ਕਰਨ ਦੇ ਨਾਲ-ਨਾਲ ਹੋਰ ਬਹੁਤ ਸਾਰੇ ਇੰਤਜਾਮ ਕੀਤੇ ਗਏ ਨੇ।

ਸੂਬਾ ਸਰਕਾਰ ਵਲੋਂ ਬਜ਼ੁਰਗਾਂ ਲਈ ਸ਼ੁਰੂ ਕੀਤੀ 'ਸਾਡੇ ਬਜ਼ੁਰਗ, ਸਾਡਾ ਮਾਣ' ਮੁਹਿੰਮ ਤਹਿਤ ਮੁਫ਼ਤ ਸਿਹਤ ਜਾਂਚ ਕੈਂਪ ਲਾਉਣੇ ਜਾਰੀ ਨੇ। ਇਸ ਬਾਰੇ ਜ਼ਿਲ੍ਹੇ ਦੇ ਸਮਾਜਿਕ ਸੁਰੱਖਿਆ ਅਫ਼ਸਰ ਨਰੇਸ਼ ਕੁਮਾਰ ਨੇ ਦੱਸਿਆ ਏ ਕਿ ਅੱਜ ਇਕ ਕੈਂਪ ਕਰਤਾਰਪੁਰ ਵਿਚ ਚੱਲ ਰਿਹਾ ਏ।

ਆਉਂਦੀ 9 ਮਾਰਚ ਨੂੰ ਐੱਸ.ਡੀ. ਐੱਸ. ਸਿਵਲ ਹਸਪਤਾਲ ਫਿਲੌਰ ਵਿਚ ਤੇ 16 ਮਾਰਚ ਨੂੰ ਭਾਈਚਾਰਕ ਸਿਹਤ ਕੇਂਦਰ ਜੰਡਿਆਲਾ ਵਿਚ ਸਿਹਤ ਜਾਂਚ ਕੈਂਪ ਲਾਏ ਜਾਣਗੇ। ਅੱਖਾਂ ਦੀ ਜਾਂਚ ਦੌਰਾਨ ਜਿਹੜੇ ਮਰੀਜ਼ ਸਰਜਰੀ ਦੀ ਜ਼ਰੂਰਤ ਵਾਲੇ ਹੋਣਗੇ, ਉਨ੍ਹਾਂ ਦੇ ਆਪ੍ਰੇਸ਼ਨ ਮੁਫ਼ਤ ਕਰਵਾਏ ਜਾਣਗੇ।

ਪੰਜਾਬ ਵਿਚ ਜਾਰੀ ਮੁਹਿੰਮ 'ਗੈਂਗਸਟਰਾਂ ਤੇ ਵਾਰ' ਦੇ 40ਵੇਂ ਦਿਨ ਪੰਜਾਬ ਪੁਲਿਸ ਨੇ ਕੱਲ੍ਹ ਸੂਬੇ ਵਿਚ ਗੈਂਗਸਟਰਾਂ ਦੇ ਸਾਥੀਆਂ ਦੇ ਪਛਾਣੇ ਗਏ ਅਤੇ ਮੈਪ ਕੀਤੇ 499 ਟਿਕਾਣਿਆਂ 'ਤੇ ਛਾਪੇਮਾਰੀ ਕੀਤੀ। ਪੁਲਿਸ ਟੀਮਾਂ ਨੇ 179 ਵਿਅਕਤੀਆਂ ਨੂੰ ਗ੍ਰਿਫਤਾਰ ਕੀਤਾ ਤੇ ਮੁਲਜ਼ਮਾਂ ਦੇ ਕਬਜ਼ੇ ਵਿੱਚੋਂ 4 ਹਥਿਆਰ ਬਰਾਮਦ ਕੀਤੇ। ਮੁਹਿੰਮ ਦੀ ਸ਼ੁਰੂਆਤ ਤੋਂ ਹੁਣ ਤੱਕ ਕੁੱਲ ਗ੍ਰਿਫਤਾਰੀਆਂ ਦੀ ਕੁੱਲ ਗਿਣਤੀ 12 ਹਜਾਰ 203 ਹੋ ਗਈ ਏ। ਇਸ ਤੋਂ ਇਲਾਵਾ 80 ਵਿਅਕਤੀਆਂ ਵਿਰੁੱਧ ਇਹਤਿਆਤੀ ਕਾਰਵਾਈ ਕੀਤੀ ਗਈ ਏ, ਜਦੋਂਕਿ 113 ਵਿਅਕਤੀਆਂ ਨੂੰ ਤਫ਼ਤੀਸ਼ ਤੇ ਪੁੱਛ-ਪੜਤਾਲ ਪਿੱਛੋਂ ਛੱਡ ਦਿੱਤਾ ਗਿਆ। ਪੁਲਿਸ ਟੀਮਾਂ ਨੇ 7 ਭਗੌੜੇ ਅਪਰਾਧੀਆਂ ਨੂੰ ਵੀ ਗ੍ਰਿਫਤਾਰ ਕੀਤਾ।

ਟਵੰਟੀ-ਟਵੰਟੀ ਕ੍ਰਿਕਟ ਵਿਸ਼ਵ ਕੱਪ ਵਿਚ ਭਾਰਤ ਨੇ ਵੈਸਟਇੰਡੀਜ਼ ਨੂੰ ਪੰਜ ਵਿਕਟਾਂ ਨਾਲ ਹਰਾ ਕੇ ਸੈਮੀਫਾਈਨਲ ਵਿਚ ਥਾਂ ਬਣਾ ਲਈ ਏ। ਬੀਤੀ ਰਾਤ ਕੋਲਕਾਤਾ ਦੇ ਈਡਨ ਗਾਰਡਨ ਵਿੱਚ ਪਹਿਲਾਂ ਬੱਲੇਬਾਜੀ ਕਰਦਿਆਂ, ਵੈਸਟਇੰਡੀਜ਼ ਨੇ 20 ਓਵਰਾਂ ਵਿਚ 4 ਵਿਕਟਾਂ ਉੱਤੇ 196 ਦੌੜਾਂ ਬਣਾਈਆਂ। ਜਵਾਬ ਵਿਚ ਭਾਰਤ ਦੇ ਸੰਜੂ ਸੈਮਸਨ ਦੀਆਂ 97 ਦੌੜਾਂ ਦੀ ਬਦੌਲਤ ਚਾਰ ਗੇਂਦਾਂ ਬਾਕੀ ਰਹਿੰਦਿਆਂ ਟੀਚਾ ਪ੍ਰਾਪਤ ਕਰ ਲਿਆ ਗਿਆ। ਸੰਜੂ ਨੂੰ ਪਲੇਅਰ ਆਫ ਦ ਮੈਚ ਚੁਣਿਆ ਗਿਆ। ਟੂਰਨਾਮੈਂਟ ਦਾ ਪਹਿਲਾ ਸੈਮੀਫਾਈਨਲ ਬੁੱਧਵਾਰ ਨੂੰ ਈਡਨ ਗਾਰਡਨ ਵਿੱਚ ਦੱਖਣੀ ਅਫਰੀਕਾ ਤੇ ਨਿਊਜੀਲੈਂਡ ਵਿਚਕਾਰ ਖੇਡਿਆ ਜਾਵੇਗਾ। ਦੂਜਾ ਸੈਮੀਫਾਈਨਲ ਵੀਰਵਾਰ ਨੂੰ ਮੁੰਬਈ ਵਿੱਚ ਭਾਰਤ ਤੇ ਇੰਗਲੈਂਡ ਦਰਮਿਆਨ ਖੇਡਿਆ ਜਾਵੇਗਾ। ਦੋਵਾਂ ਮੈਚਾਂ ਦੇ ਜੇਤੂ 8 ਮਾਰਚ ਨੂੰ ਅਹਿਮਦਾਬਾਦ ਦੇ ਨਰੇਂਦਰ ਮੋਦੀ ਸਟੇਡੀਅਮ ਵਿਚ ਫਾਈਨਲ ਖੇਡਣਗੇ।